# ਦਫਤਰ ਜਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ।

(ਕੋਵਿੰਡ-19 ਕੰਟਰੋਲ ਰੂਮ)

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁਖੀ,
ਜਿਲ੍ਹਾ ਅੰਮ੍ਰਿਤਸਰ।

ਨੰਬਰ/ਕੋਵਿਡ-19- 7416-86 ਮਿਤੀ 29/4/21

ਵਿਸ਼ਾ **Preventive measures to contain the spread of Novel Coronavirus (Covid-19)-Vaccination for State Government employees regarding.**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਸਰਕਾਰ ਪ੍ਰਸੋਨਲ ਵਿਭਾਗ (ਪੀ.ਪੀ.2-ਸ਼ਾਖਾ) ਦਾ ਪੱਤਰ ਨੰ. PERS-PP-20MISC/44/2021-4PP2 ਮਿਤੀ 29.04.2021 ਪ੍ਰਾਪਤ ਹੋਇਆ ਹੈ। ਜਿਸ ਰਾਹੀਂ ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਸਰਕਾਰੀ ਅਧਿਕਾਰੀਆਂ/ਕਰਚਾਰੀਆਂ ਲਈ ਟੀਕਾਕਰਨ ਬਹੁਤ ਜਰੂਰੀ ਹੈ ਤਾਂ ਜੋ ਲੋਕਾਂ ਨੂੰ ਬਿਨ੍ਹਾਂ ਕਿਸੇ ਰੁਕਾਵਟ ਤੋਂ ਜ਼ਰੂਰੀ ਸੇਵਾਵਾਂ ਮੁਹੱਈਆ ਕਰਵਾਈਆ ਜਾ ਸਕਣ ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਲਿਖਿਆ ਗਿਆ ਹੈ ਕਿ ਪੰਜਾਬ ਸਿਵਲ ਸੇਵਾਵਾਂ ਰੂਲਜ (ਵੋਲੀਅਮ 1, ਪਾਰਟ 1) ਦੇ ਰੂਲ 3.9 ਵਿੱਚ ਹੇਠ ਅਨੁਸਾਰ ਉਪਬੰਧ ਹੈ-

"Every Government employee shall get himself vaccinated and re-vaccinated at any time when so directed by the Government by general or special order".

ਇਸ ਅਨੁਸਾਰ ਪੰਜਾਬ ਸਰਕਾਰ ਦੇ ਸਰਕਾਰੀ ਅਧਿਕਾਰੀ/ਕਰਮਚਾਰੀਆਂ ਨੂੰ ਕਰੋਨਾ ਕੋਵਿਡ-19 ਦਾ ਟੀਕਾਕਰਨ ਲਾਜ਼ਮੀ ਕਰਨ ਲਈ ਲਿਖਿਆ ਗਿਆ ਹੈ। ਇਸ ਨੂੰ ਮੁੱਖ ਰੱਖਦਿਆਂ ਹੋਇਆ ਜਿਲ੍ਹਾਂ ਅੰਮ੍ਰਿਤਸਰ ਦੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਅਧੀਨ ਆਉਂਦੇ ਸਮੂਹ ਸਟਾਫ ਦਾ ਕੋਵਿਡ-19 ਦਾ ਟੀਕਾਕਰਨ ਕਰਵਾਉਣਾ ਯਕੀਨੀ ਬਣਾਉਣਗੇ ਅਤੇ ਪੰਜਾਬ ਸਰਕਾਰ ਦੇ ਉਕਤ ਪੱਤਰ ਦੀਆਂ ਹਦਾਇਤਾਂ ਅਨੁਸਾਰ ਸਾਰੇ ਅਧਿਕਾਰੀਆਂ/ਕਰਮਚਾਰੀਆਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਟੀਕਾਕਰਨ ਸਮੇਂ ਉੱਥੇ ਮੌਜੂਦ ਮੈਡੀਕਲ ਡਾਕਟਰ ਦੀ ਸਲਾਹ ਦੇ ਆਧਾਰ ਤੇ ਟੀਕਾਕਰਨ ਕਰਵਾਉਣ। ਜੇਕਰ ਕਿਸੇ ਵੀ ਅਧਿਕਾਰੀ/ ਕਰਮਚਾਰੀ ਨੂੰ ਮੈਡੀਕਲ ਕੰਨਡੀਸ਼ਨ ਦੇ ਆਧਾਰ ਤੇ ਡਾਕਟਰ ਟੀਕਾਕਰਨ ਤੋਂ ਮਨਾਹੀ ਕਰਦਾ ਹੈ ਤਾਂ ਉਹ ਟੀਕਾਕਰਨ ਤੋਂ ਛੋਟ ਲੈ ਸਕਦਾ ਹੈ।

ਡਿਪਟੀ ਕਮਿਸ਼ਨਰ,
ਅੰਮ੍ਰਿਤਸਰ

ਪਿੰਠ ਅੰਕਣ ਨੰ.ਕੋਵਿੰਡ-19/ 7487-88 ਮਿਤੀ 29/4/21

ਇਸ ਦਾ ਇੱਕ ਉਤਾਰਾ:-

1. ਪੰਜਾਬ ਸਰਕਾਰ ਪ੍ਰਸੋਨਲ ਵਿਭਾਗ (ਪੀ.ਪੀ.2-ਸ਼ਾਖਾ) ਦਾ ਪੱਤਰ ਨੰ. PERS-PP-20MISC/44/2021-4PP2 ਮਿਤੀ 29.04.2021 ਪੱਤਰ ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
2. ਨਿੱਜੀ ਸਹਾਇਕ, ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਡਿਪਟੀ ਕਮਿਸ਼ਨਰ,
ਅੰਮ੍ਰਿਤਸਰ।

Scanned with CamScanner